# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :23-10-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਦੇਸ਼ ਭਰ ਵਿੱਚ 40 ਥਾਵਾਂ 'ਤੇ 51 ਹਜ਼ਾਰ ਤੋਂ ਵੱਧ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡਣਗੇ - ਜਲੰਧਰ ਅਤੇ ਪਟਿਆਲਾ ਵਿਚ ਵੀ ਹੋਵੇਗਾ ਰੋਜ਼ਗਾਰ ਮੇਲੇ ਦਾ ਆਯੋਜਨ ।

- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਦੇਸ਼ ਵਿੱਚ ਸ਼ੀਤ ਲਹਿਰ ਨੂੰ ਧਿਆਨ ਵਿੱਚ ਰੱਖਦਿਆਂ,ਪੰਜਾਬ ਅਤੇ 4 ਕੇਂਦਰ ਸ਼ਾਸਿਤ ਪ੍ਰਦੇਸ਼ਾਂ ਸਮੇਤ 19 ਸੂਬਾ ਸਰਕਾਰਾਂ ਨੂੰ ਅਗਾਊਂ ਕਦਮ ਚੁੱਕਣ ਅਤੇ ਰਾਹਤ ਉਪਾਅ ਲਾਗੂ ਕਰਨ ਦੀ ਕੀਤੀ ਅਪੀਲ ।

- ਲੁਧਿਆਣਾ ਦੇ ਇੱਕ ਘਰ ਵਿੱਚ ਧਮਾਕਾ ਹੋਣ ਕਾਰਨ ਬੱਚਿਆਂ ਸਮੇਤ 10 ਲੋਕ ਜ਼ਖਮੀ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਸ਼ਾ ਤਸਕਰ ਨੂੰ 5 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ।

- ਦੇਸ਼ ਦਾ ਵੱਕਾਰੀ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਅੱਜ ਤੋਂ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਹੋਇਆ ਸ਼ੁਰੂ ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਰੋਜ਼ਗਾਰ ਮੇਲੇ ਦਾ 17ਵਾਂ ਦੌਰ ਕੱਲ੍ਹ ਆਯੋਜਿਤ ਕੀਤਾ ਜਾਵੇਗਾ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਦੇਸ਼ ਭਰ ਵਿੱਚ 40 ਥਾਵਾਂ 'ਤੇ 51 ਹਜ਼ਾਰ ਤੋਂ ਵੱਧ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡਣਗੇ। ਏਧਰ ਪੰਜਾਬ ਵਿਚ ਦੋ ਜ਼ਿਲਿਆਂ ਪਟਿਆਲਾ ਅਤੇ ਜਲੰਧਰ ਵਿਚ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਏ । ਰੇਲਵੇ ਰਾਜ ਮੰਤਰੀ ਅਤੇ ਖੁਰਾਕ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਪਟਿਆਲਾ ਦੇ

ਪੀ.ਐਲ.ਡਬਲਯੂ ਆਡੀਟੋਰੀਅਮ ਵਿਚ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡਣਗੇ। ਜਲੰਧਰ ਸਥਿਤ Dr B R ਅੰਬੇਡਕਰ ਨੈਸ਼ਨਲ ਇੰਸਟੀਟਿਊਟ ਆਫ ਟੈਕਨੋਲੋਜੀ ਵਿਚ ਵੀ ਰੋਜ਼ਗਾਰ ਮੇਲੇ ਦਾ ਆਯੋਜਨ ਹੋ ਰਿਹਾ ਏ ।

---------------------------------------------------------------

ਦੇਸ਼ ਵਿੱਚ ਸੀਤ ਲਹਿਰ ਨੂੰ ਧਿਆਨ ਵਿੱਚ ਰੱਖਦੇ ਹੋਏ, ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਨੇ ਪੰਜਾਬ ਅਤੇ 4 ਕੇਂਦਰ ਸ਼ਾਸਤ ਪ੍ਰਦੇਸ਼ਾਂ ਸਮੇਤ 19 ਰਾਜ ਸਰਕਾਰਾਂ ਨੂੰ ਪਹਿਲਾਂ ਤੋਂ ਹੀ ਕਦਮ ਚੁੱਕਣ ਅਤੇ ਰਾਹਤ ਉਪਾਅ ਲਾਗੂ ਕਰਨ ਦੀ ਅਪੀਲ ਕੀਤੀ ਏ। ਕਮਿਸ਼ਨ ਨੇ ਰਾਜਾਂ ਨੂੰ ਕਿਹਾ ਏ ਕਿ ਉਹ ਕਮਜ਼ੋਰ ਵਰਗਾਂ, ਖਾਸ ਕਰਕੇ ਨਵਜੰਮੇ ਬੱਚਿਆਂ, ਬੱਚਿਆਂ, ਨਿਆਣਿਆਂ, ਗਰੀਬਾਂ, ਬਜ਼ੁਰਗਾਂ, ਬੇਘਰਾਂ, ਬੇਸਹਾਰਾ ਅਤੇ ਭਿਖਾਰੀਆਂ ਨੂੰ ਠੰਡ ਤੋਂ ਬਚਾਉਣ, ਜੋ ਆਸਰਾ ਅਤੇ ਸਰੋਤਾਂ ਦੀ ਘਾਟ ਕਾਰਨ ਜੋਖਮ ਵਿੱਚ ਨੇ। ਕਮਿਸ਼ਨ ਇਸ ਗੱਲ ਨੂੰ ਸਵੀਕਾਰ ਕਰਦਾ ਏ ਕਿ ਜਲਵਾਯੂ ਤਬਦੀਲੀ ਦੇ ਚਲਦਿਆਂ ਬਦਲਦਾ ਮੌਸਮ ਮਨੁੱਖੀ ਅਧਿਕਾਰਾਂ ਨੂੰ ਪ੍ਰਭਾਵਿਤ ਕਰਦਾ ਏ ਅਤੇ ਅਤਿਅੰਤ

ਮੌਸਮੀ ਘਟਨਾਵਾਂ ਤੋਂ ਪ੍ਰਭਾਵਿਤ ਕਮਜ਼ੋਰ ਆਬਾਦੀ ਦੀ ਰੱਖਿਆ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹਨ, ਇਹ ਯਕੀਨੀ ਬਣਾਉਂਦੇ ਹਨ ਕਿ ਉਨ੍ਹਾਂ ਦਾ ਸਤਿਕਾਰ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਬਰਕਰਾਰ ਰੱਖਿਆ ਜਾਵੇ।

--------------------------------------------------

ਸੂਬੇ ਵਿੱਚ ਹੜ੍ਹਾਂ ਕਾਰਨ ਝੋਨੇ ਦੀ ਫਸਲ ਨੂੰ ਪਹੁੰਚੇ ਨੁਕਸਾਨ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਭਾਰਤ ਸਰਕਾਰ ਨੂੰ ਝੋਨੇ ਦੀ ਖਰੀਦ ਲਈ ਤੈਅ ਕੀਤੇ ਮਾਪਦੰਡਾਂ ਵਿੱਚ ਢਿੱਲ ਦੇਣ ਦੀ ਮੰਗ ਕੀਤੀ ਏ । ਅੱਜ ਬੱਸੀ ਪਠਾਣਾ ਅਤੇ ਮੋਰਿੰਡਾ ਦੀਆਂ ਦਾਣਾ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਭਿਆਨਕ ਹੜ੍ਹਾਂ ਨੇ ਕਿਸਾਨਾਂ ਦਾ ਬਹੁਤ ਵੱਡਾ ਨੁਕਸਾਨ ਕੀਤਾ ਏ । ਉਨ੍ਹਾਂ ਕਿਹਾ ਕਿ ਖਰਾਬ ਮੌਸਮ ਕਾਰਨ ਕਿਸਾਨਾਂ ਨੂੰ ਹੋਏ ਨੁਕਸਾਨ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤ ਸਰਕਾਰ ਨੂੰ ਝੋਨੇ ਦੀ ਖਰੀਦ ਲਈ ਨਿਰਧਾਰਤ ਮਾਪਦੰਡਾਂ ਵਿੱਚ ਢਿੱਲ ਦੇਣੀ ਚਾਹੀਦੀ ਹੈ ਕਿਉਂਕਿ ਝੋਨੇ ਵਿੱਚ ਨਮੀ ਦੀ ਮਾਤਰਾ, ਖਰਾਬ ਤੇ

ਬਦਰੰਗ ਹੋਏ ਦਾਣਿਆਂ ਦੀ ਮਾਤਰਾ ਵਧ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਇਸ ਸਬੰਧ ਵਿੱਚ ਕੇਂਦਰ ਸਰਕਾਰ ਨੂੰ ਪਹਿਲਾਂ ਹੀ ਬੇਨਤੀ ਕਰ ਚੁੱਕੇ ਹਨ ਕਿ ਉਹ ਸੂਬੇ ਦੇ ਕਿਸਾਨਾਂ ਦੀ ਇਸ ਅਤਿ ਲੋੜੀਂਦੀ ਮੰਗ ਪੂਰੀ ਕਰੇ ਕਿਉਂਕਿ ਰਿਪੋਰਟਾਂ ਮੁਤਾਬਕ ਹੜ੍ਹਾਂ ਕਾਰਨ ਕਈ ਪ੍ਰਭਾਵਿਤ ਖੇਤਰਾਂ ਵਿੱਚ ਝੋਨੇ ਦਾ ਨੁਕਸਾਨ ਹੋਇਆ ਅਤੇ ਦਾਣੇ ਬਦਰੰਗ ਹੋ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਹੜ੍ਹਾਂ ਕਾਰਨ ਹੋਈ ਭਾਰੀ ਤਬਾਹੀ ਦੇ ਬਾਵਜੂਦ  ਪੰਜਾਬ ਵੱਲੋਂ ਅਜੇ ਵੀ ਕੌਮੀ ਅੰਨ ਭੰਡਾਰ ਵਿੱਚ 170 ਲੱਖ ਮੀਟਰਕ ਟਨ ਝੋਨੇ ਦਾ ਯੋਗਦਾਨ ਪਾਉਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਵਿਆਪਕ ਪ੍ਰਬੰਧ ਕੀਤੇ ਗਏ ਨੇ । ਮੁੱਖ ਮੰਤਰੀ ਨੇ ਦੱਸਿਆ ਕਿ ਅੱਜ ਤੱਕ ਸੂਬੇ ਦੀਆਂ ਮੰਡੀਆਂ ਵਿੱਚ 63 ਲਖ 49 ਹਜ਼ਾਰ ਮੀਟ੍ਰਿਕ ਟਨ ਝੋਨਾ ਪਹੁੰਚਿਆ ਏ , ਜਿਸ ਵਿੱਚੋਂ 61 ਲੱਖ ਤੋਂ ਵੱਧ ਮੀਟ੍ਰਿਕ ਟਨ ਪਹਿਲਾਂ ਹੀ ਖਰੀਦਿਆ ਜਾ ਚੁੱਕਾ ਏ । ਉਨ੍ਹਾਂ ਕਿਹਾ ਕਿ ਖਰੀਦ ਦੇ 72 ਘੰਟਿਆਂ ਦੇ ਅੰਦਰ ਚੁਕਾਈ  ਨੂੰ ਯਕੀਨੀ ਬਣਾਉਂਦੇ ਹੋਏ ਮੰਡੀਆਂ ਵਿੱਚੋਂ 91.80 ਫੀਸਦੀ ਲਿਫਟਿੰਗ ਹੋ ਚੁੱਕੀ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਦੱਸਿਆ ਕਿ ਝੋਨੇ ਦੀ ਖਰੀਦ ਦੇ ਬਦਲੇ

ਕਿਸਾਨਾਂ ਨੂੰ ਕੁੱਲ 13 ਹਜ਼ਾਰ 73 ਕਰੋੜ ਤੋਂ ਵੱਧ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ।

----------------------------------------------------------

ਪੰਜਾਬ ਦੇ ਪ੍ਰਮੁੱਖ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ ਵੱਲੋਂ ਸਮੁੱਚੇ ਸੂਬੇ ਵਿੱਚ ਪੰਜਾਬੀ ਭਾਸ਼ਾ ਨੂੰ ਹੋਰ ਵਧੇਰੇ ਮਹੱਤਤਾ ਦੇਣ ਲਈ ਸੂਬੇ ਦੇ ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਤੇ ਵਪਾਰਕ ਅਦਾਰਿਆਂ ਦੇ ਨਾਮ ਸਾਈਨ ਬੋਰਡ ਲਿਖਣ ਸਮੇਂ ਸਭ ਤੋਂ ਪਹਿਲਾਂ ਉੱਪਰਲੇ ਪਾਸੇ ਪੰਜਾਬੀ ਭਾਸ਼ਾ ਵਿੱਚ ਲਿਖੇ ਜਾਣ ਦੇ ਹੁਕਮ ਜਾਰੀ ਕੀਤੇ ਗਏ ਨੇ। ਇਸ ਤੋਂ ਇਲਾਵਾ ਜੇਕਰ ਹੋਰ ਭਾਸ਼ਾ ਵਿੱਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ ਗੁਰਮੁਖੀ ਲਿਪੀ ਤੋਂ ਹੇਠਾਂ ਦੂਸਰੀ ਭਾਸ਼ਾ ਦੀ ਵਰਤੋਂ ਕੀਤੀ ਜਾ ਸਕਦੀ ਏ। ਇਹਨਾਂ ਹੁਕਮਾਂ ਦੀ ਪਾਲਣਾ ਹਿੱਤ ਕਪੂਰਥਲਾ ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਦੀ ਅਗਵਾਈ ਹੇਠ ਗੁਰੂ ਨਾਨਕ ਜ਼ਿਲ੍ਹਾ ਲਾਇਬਰੇਰੀ, ਕਪੂਰਥਲਾ ਵਿਖੇ ਵਪਾਰ ਮੰਡਲ ਕਪੂਰਥਲਾ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਦਸਿਆ ਕਿ ਦੱਸਿਆ ਗਿਆ ਕਿ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਵੱਲੋਂ ਆਪਣੇ ਸਾਈਨ ਬੋਰਡ ਨੂੰ ਪਹਿਲਾਂ ਪੰਜਾਬੀ

ਭਾਸ਼ਾ ਗੁਰਮੁਖੀ ਲਿਪੀ ਵਿੱਚ ਲਿਖਿਆ ਜਾਵੇ ਅਤੇ ਉਸ ਉਪਰੰਤ ਕਿਸੇ ਹੋਰ ਉਪਭਾਸ਼ਾ ਦੀ ਵਰਤੋਂ ਕੀਤੀ ਜਾ ਸਕਦੀ ਏ ।

---------------------------------------------------------

ਮੁਸਾਫ਼ਿਰਾਂ ਦੀ ਸਹੂਲਤ ਨੂੰ ਯਕੀਨੀ ਬਣਾਉਣ ਲਈ, ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਨਵੀਂ ਦਿੱਲੀ ਦੇ ਰੇਲ ਭਵਨ ਵਿਖੇ ਵਾਰ ਰੂਮ ਤੋਂ ਤਿਉਹਾਰਾਂ ਦੌਰਾਨ ਚੱਲਣ ਵਾਲੀਆਂ ਵਿਸ਼ੇਸ਼ ਰੇਲਗੱਡੀਆਂ ਦੀ ਸਥਿਤੀ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਛੱਠ ਪੂਜਾ ਤੋਂ ਪਹਿਲਾਂ ਰੇਲਵੇ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਰੇਲਵੇ ਸਟੇਸ਼ਨਾਂ 'ਤੇ ਤਿਉਹਾਰਾਂ ਦੀ ਭੀੜ ਦੀ ਨਿਗਰਾਨੀ ਅਤੇ ਪ੍ਰਬੰਧ ਲਈ ਵਾਰ ਰੂਮ ਸਥਾਪਤ ਕੀਤਾ ਗਿਆ ਏ. ਸ਼੍ਰੀ ਵੈਸ਼ਨਵ ਨੇ ਕਿਹਾ, ਪ੍ਰਬੰਧਾਂ ਵਿੱਚ ਦੇਸ਼ ਭਰ ਵਿੱਚ ਤਿੰਨ ਪੱਧਰੀ ਵਾਰ ਰੂਮ, ਇੱਕ ਡਿਵੀਜ਼ਨ ਪੱਧਰ 'ਤੇ, ਇੱਕ ਜ਼ੋਨਲ ਪੱਧਰ 'ਤੇ ਅਤੇ ਇੱਕ ਰੇਲਵੇ ਬੋਰਡ ਪੱਧਰ 'ਤੇ, ਸ਼ਾਮਲ ਨੇ । ਉਨ੍ਹਾਂ ਕਿਹਾ ਕਿ, ਰੇਲਵੇ ਬੋਰਡ 'ਤੇ, ਡਿਵੀਜ਼ਨ ਅਤੇ ਜ਼ੋਨਲ ਫਲੀਟ ਦੋਵੇਂ ਆਪਰੇਸ਼ਨਾਂ ਦਾ ਤਾਲਮੇਲ ਕਰਦੇ ਨੇ. ਮੰਤਰੀ ਨੇ ਕਿਹਾ ਕਿ, ਇਸ ਤੋਂ ਇਲਾਵਾ, ਹਰੇਕ ਵੱਡੇ ਸਟੇਸ਼ਨ 'ਤੇ ਇੱਕ ਮਿੰਨੀ

ਕੰਟਰੋਲ ਰੂਮ ਕਾਇਮ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ, ਇਹ ਪ੍ਰਣਾਲੀ ਸਾਰੇ ਸਟੇਸ਼ਨਾਂ ਦੇ ਤਾਲਮੇਲ ਪ੍ਰਬੰਧ ਨੂੰ ਸਮਰੱਥ ਬਣਾਉਂਦੀ ਏ। ਨਿਯਮਤ ਰੇਲ ਸੇਵਾਵਾਂ ਤੋਂ ਇਲਾਵਾ, ਅਗਲੇ ਚਾਰ ਦਿਨਾਂ ਦੌਰਾਨ ਪ੍ਰਤੀ ਦਿਨ ਔਸਤਨ 300 ਵਿਸ਼ੇਸ਼ ਰੇਲਗੱਡੀਆਂ ਦੇ ਨਾਲ 1500 ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾਣਗੀਆਂ। ਕੁਸ਼ਲ ਪ੍ਰਬੰਧਾਂ, ਵਧੀਆਂ ਯਾਤਰੀ ਸੇਵਾਵਾਂ, ਅਤੇ ਸਹੂਲਤ ਅਤੇ ਦੇਖਭਾਲ ਪ੍ਰਤੀ ਵਚਨਬੱਧਤਾ ਦੇ ਨਾਲ, ਭਾਰਤੀ ਰੇਲਵੇ ਇਹ ਯਕੀਨੀ ਬਣਾ ਰਿਹਾ ਏ ਕਿ ਤਿਉਹਾਰਾਂ ਦੌਰਾਨ ਹਰੇਕ ਯਾਤਰੀ ਨੂੰ ਉਸਦੀ ਰੇਲ ਯਾਤਰਾ ਦੌਰਾਨ ਵਧੀਆ ਸੇਵਾ ਮਿਲੇ। ਇਸ ਸਾਲ ਆਉਣ ਵਾਲੀ ਛੱਠ ਪੂਜਾ ਅਤੇ ਚੱਲ ਰਹੇ ਦੀਵਾਲੀ ਸੀਜ਼ਨ ਲਈ, ਭਾਰਤੀ ਰੇਲਵੇ ਤਿਉਹਾਰਾਂ ਦੀ ਯਾਤਰਾ ਦੀ ਭੀੜ ਦਾ ਪ੍ਰਬੰਧ ਕਰਨ ਲਈ ਇੱਕ ਮਜ਼ਬੂਤ ਵਿਸ਼ੇਸ਼ ਰੇਲ ਸਮਾਂ-ਸਾਰਣੀ ਚਲਾ ਰਿਹਾ ਏ। ਇਸ ਮਹੀਨੇ ਦੀ ਪਹਿਲੀ ਤਰੀਕ ਤੋਂ ਅਗਲੇ ਮਹੀਨੇ ਦੀ 30 ਤਾਰੀਖ ਤੱਕ 61 ਦਿਨਾਂ ਦੀ ਮਿਆਦ ਵਿੱਚ, ਦੇਸ਼ ਭਰ ਵਿੱਚ 12 ਹਜ਼ਾਰ ਤੋਂ ਵੱਧ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ।

---------------------------------------------------------

ਲੁਧਿਆਣਾ ਦੇ ਚੀਮਾ ਚੌਕ ਨੇੜੇ ਇੰਦਰਾ ਕਲੋਨੀ ਦੇ ਇੱਕ ਘਰ ਵਿੱਚ ਧਮਾਕਾ ਹੋਣ ਕਾਰਨ ਬੱਚਿਆਂ ਸਮੇਤ ਲਗਭਗ 10 ਲੋਕ ਜ਼ਖਮੀ ਹੋ ਗਏ । ਇਸ ਦੌਰਾਨ, ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨਾਲ ਪਹੁੰਚੇ ਏ.ਡੀ.ਸੀ.ਪੀ ਸਮੀਰ ਵਰਮਾ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਘਟਨਾ ਦੀ ਨਿੰਦਾ ਕੀਤੀ । ਸਮੀਰ ਵਰਮਾ ਨੇ ਦਸਿਆ ਕਿ ਜ਼ਖਮੀਆਂ ਨੂੰ ਲੁਧਿਆਣਾ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ । ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦਸਿਆ ।

BYTE

---------------------------------------------------

ਲੁਧਿਆਣਾ ਦੇ ਵੇਰਕਾ ਪਲਾਂਟ ਵਿੱਚ ਵਾਪਰੇ ਹਾਦਸੇ ਵਿੱਚ ਬਾਇਲਰ ਇੰਚਾਰਜ ਦੀ ਮੌਤ ਹੋ ਗਈ। ਸਾਡੇ ਪਤਰਕਾਰ ਨੇ ਦਸਿਆ ਕਿ ਬੀਤੀ ਰਾਤ ਲਗਭਗ 11 ਵਜੇ ਵੇਰਕਾ ਪਲਾਂਟ ਵਿੱਚ ਹੀਟਰ ਫਟਣ ਕਾਰਨ ਇੱਕ ਹਾਦਸਾ ਵਾਪਰਿਆ ਜਿਸ ਵਿੱਚ 6 ਲੋਕ ਜ਼ਖਮੀ ਹੋ ਗਏ। ਵੇਰਕਾ ਪਲਾਂਟ ਦੇ ਜੀ.ਐਮ ਦਲਜੀਤ ਸਿੰਘ ਨੇ ਦੱਸਿਆ ਕਿ ਇਸ ਹਾਦਸੇ ਵਿਚ

ਬਾਇਲਰ ਇੰਚਾਰਜ ਕੁਨਾਲ ਜੈਨ  ਦੀ ਮੌਤ ਹੋ ਗਈ ਅਤੇ ਬਾਕੀ ਦਯਾਨੰਦ ਮੈਡੀਕਲ ਹਸਪਤਾਲ ਵਿੱਚ ਜ਼ੇਰੇ ਇਲਾਜ ਨੇ।

BYTE

-----------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਸ਼ਾ ਤਸਕਰ ਨੂੰ 5 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਏ।  ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਜਪਾਲ ਸਿੰਘ  ਵਜੋਂ ਹੋਈ ਏ , ਜੋ ਕਿ ਛੇਹਰਟਾ ਦਾ ਰਹਿਣ ਵਾਲਾ ਏ। ਮੁਲਜ਼ਮ ਦਾ ਅਪਰਾਧਿਕ ਪਿਛੋਕੜ ਏ ਅਤੇ ਉਸ ਵੱਖ ਵੱਖ ਐਕਟ ਦੀਆਂ ਧਾਰਾਵਾਂ ਤਹਿਤ ਮਾਮਲੇ ਦਰਜ ਨੇ। ਡੀਜੀਪੀ  ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ  ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ, ਪਾਕਿਸਤਾਨੀ  ਹੈਂਡਲਰ ਵੱਲੋਂ ਸੰਚਾਲਿਤ ਇੱਕ ਸਰਹੱਦ ਪਾਰ ਦਾ ਨੈੱਟਵਰਕ ਚਲਾ ਰਿਹਾ ਸੀ ਅਤੇ ਡੇਰਾ ਬਾਬਾ ਨਾਨਕ ਸੈਕਟਰ ਦੀ

ਵਰਤੋਂ ਕਰਕੇ ਸਰਹੱਦ ਪਾਰੋਂ ਡਰੋਨ ਰਾਹੀਂ ਸੁੱਟੀਆਂ ਗਈਆਂ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰਦਾ ਸੀ।

---------------------------------------------------------

ਪੰਜਾਬ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ ਹੁਸ਼ਿਆਰਪੁਰ ਪੁਲਿਸ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਪਿੰਡ ਬੈਂਚਾ ਦੇ ਕ੍ਰਿਸ਼ਨ ਗੋਪਾਲ ਤੇ ਕੇਸ਼ਵ ਨੂੰ ਜਿਊਲਰੀ ਸਟੋਰ `ਤੇ ਮਿੱਥਕੇ ਕਤਲ ਲਈ ਕੀਤੀ ਗੋਲੀਬਾਰੀ, ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਚੋਂ ਪਿਸਤੌਲ ਅਤੇ ਜਿੰਦਾ ਕਾਰਤੂਸ ਬਰਾਮਦ ਕੀਤੇ ਹਨ, ਇਸ ਤੋਂ ਇਲਾਵਾ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਗਿਆ ਏ । ਡੀਜੀਪੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਪਿਓ-ਪੁੱਤ , ਹੁਸ਼ਿਆਰਪੁਰ ਦੇ ਗਣਪਤੀ ਜਿਉਲਰਜ਼ `ਤੇ 18 ਅਕਤੂਬਰ ਨੂੰ ਮੋਟਰਸਾਈਕਲਾਂ `ਤੇ ਸਵਾਰ ਦੋ ਹਮਲਾਵਰਾਂ ਵੱਲੋਂ ਮਿੱਥ ਕੇ ਹੱਤਿਆ ਕਰਨ ਲਈ ਕੀਤੀ ਗਈ ਗੋਲੀਬਾਰੀ ਵਿੱਚ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਹਮਲੇ ਤੋਂ ਬਾਅਦ, ਦੁਕਾਨ ਮਾਲਕ

ਨੂੰ ਇੱਕ ਅਣਪਛਾਤੇ ਵਿਦੇਸ਼ੀ ਨੰਬਰ ਤੋਂ ਧਮਕੀ ਭਰੀ ਕਾਲ ਆਈ, ਜਿਸ ਵਿੱਚ ਉਸ ਵੱਲੋਂ 20 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਗਈ ਸੀ। ਇਸੇ ਸਿਲਸਿਲੇ ਵਿਚ  ਪੁਲਿਸ ਟੀਮਾਂ ਨੇ ਪਿੰਡ ਮਹਿਦੂਦਪੁਰ ਵਿਖੇ ਸ਼ੱਕੀਆਂ - ਕ੍ਰਿਸ਼ਨ ਗੋਪਾਲ ਅਤੇ ਕੇਸ਼ਵ - ਨੂੰ ਰੋਕਿਆ। ਦੋਸ਼ੀਆਂ ਨੇ ਮੌਕੇ ਤੋਂ ਭੱਜਣ ਲਈ ਪੁਲਿਸ ਪਾਰਟੀ `ਤੇ ਗੋਲੀਬਾਰੀ ਕੀਤੀ, ਪਰ ਗੋਲੀਬਾਰੀ ਤੋਂ ਬਾਅਦ ਉਨ੍ਹਾਂ ਨੂੰ ਕਾਬੂ ਕਰ ਲਿਆ ਗਿਆ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਲਈ ਹੋਰ ਜਾਂਚ ਜਾਰੀ ਏ ।

-----------------------------------------------------

ਫਿਰੋਜ਼ਪੁਰ ਡਿਵੀਜ਼ਨ ਨੇ ਟਿਕਟ ਚੈਕਿੰਗ ਵਿੱਚ ਨਵਾਂ ਰਿਕਾਰਡ ਕਾਇਮ ਕੀਤਾ ਕਰਦਿਆਂ, ਇਕ ਦਿਨ ਵਿਚ ਹੁਣ ਤਕ ਦਾ ਸਭ ਤੋਂ ਵੱਧ 25 ਲੱਖ 6 ਹਜ਼ਾਰ ਜੁਰਮਾਨ ਇਕੱਤਰ ਕੀਤਾ ਏ । ਡਿਵੀਜ਼ਨਲ ਰੇਲਵੇ ਮੈਨੇਜਰ ਸੰਜੀਵ ਕੁਮਾਰ ਅਤੇ ਐਡੀਸ਼ਨਲ ਡਿਵੀਜ਼ਨਲ ਰੇਲਵੇ ਮੈਨੇਜਰ ਨਿਤਿਨ ਗਰਗ ਦੀ ਅਗਵਾਈ ਵਿੱਚ ਯੋਜਨਾਬੱਧ ਯਤਨਾਂ ਦੇ ਨਤੀਜੇ ਵਜੋਂ, ਫਿਰੋਜ਼ਪੁਰ ਡਿਵੀਜ਼ਨ ਨੇ 22 ਅਕਤੂਬਰ,  ਨੂੰ ਟਿਕਟ ਚੈਕਿੰਗ ਵਿੱਚ ਇੱਕ ਇਤਿਹਾਸਕ ਉਪਲਬਧੀ ਪ੍ਰਾਪਤ ਕੀਤੀ ਏ । ਇਸ ਸਮੇਂ ਦੌਰਾਨ,

ਟਿਕਟ ਚੈਕਿੰਗ ਸਟਾਫ ਅਤੇ ਮੁੱਖ ਟਿਕਟ ਇੰਸਪੈਕਟਰਾਂ ਨੇ ਡਿਵੀਜ਼ਨ ਭਰ ਦੇ ਵੱਖ-ਵੱਖ ਸਟੇਸ਼ਨਾਂ ਅਤੇ ਰੇਲਗੱਡੀਆਂ 'ਤੇ ਬਿਨਾਂ ਟਿਕਟ ਜਾਂ ਅਨਿਯਮਿਤ ਤੌਰ 'ਤੇ ਯਾਤਰਾ ਕਰਨ ਵਾਲੇ ਕੁੱਲ 3,348 ਯਾਤਰੀਆਂ ਕਾਬੂ ਕੀਤਾ, ਅਤੇ ਜੁਰਮਾਨੇ ਵਜੋਂ 25 ਲਖ 6 ਹਜ਼ਾਰ  ਇਕੱਠੇ ਕੀਤੇ। ਇਸ ਤੋਂ ਪਹਿਲਾਂ, ਫਿਰੋਜ਼ਪੁਰ ਡਿਵੀਜ਼ਨ ਦਾ ਸਭ ਤੋਂ ਵੱਧ ਇੱਕ ਦਿਨ ਦਾ ਟਿਕਟ ਚੈਕਿੰਗ ਮਾਲੀਆ 24 ਲਖ 5 ਹਜ਼ਾਰ  ਸੀ, ਜੋ ਕਿ 2022 ਵਿੱਚ ਪ੍ਰਾਪਤ ਕੀਤਾ ਗਿਆ ਸੀ। ਡਿਵੀਜ਼ਨਲ ਰੇਲਵੇ ਮੈਨੇਜਰ  ਸੰਜੀਵ ਕੁਮਾਰ ਨੇ ਕਿਹਾ ਕਿ ਇਹ ਪ੍ਰਾਪਤੀ ਡਿਵੀਜ਼ਨ ਦੇ ਸਾਰੇ ਟਿਕਟ-ਚੈਕਿੰਗ ਸਟਾਫ ਦੀ ਨਿਰੰਤਰ ਮਿਹਨਤ, ਤਾਲਮੇਲ ਅਤੇ ਟੀਮ ਭਾਵਨਾ ਦਾ ਨਤੀਜਾ ਏ । ਉਨ੍ਹਾਂ  ਕਿਹਾ ਕਿ ਯਾਤਰੀਆਂ ਨੂੰ ਬਿਨਾਂ ਟਿਕਟ, ਅਨਿਯਮਿਤ ਯਾਤਰਾ ਅਤੇ ਕੂੜਾ ਸੁੱਟਣ ਤੋਂ ਰੋਕਣ ਲਈ ਨਿਯਮਾਂ ਅਤੇ ਕਾਨੂੰਨਾਂ ਦੀ ਪਾਲਣਾ ਕਰਨ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਨਿਰੰਤਰ ਮੁਹਿੰਮਾਂ ਚਲਾਈਆਂ ਜਾ ਰਹੀਆਂ ਨੇ ।

----------------------------------------------------------

ਦੇਸ਼ ਦਾ ਵੱਕਾਰੀ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ

ਟੂਰਨਾਮੈਂਟ ਅੱਜ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਸ਼ੁਰੂ ਹੋਇਆ। ਅੱਜ ਆਰਮੀ-ਇਲੈਵਨ ਦਿੱਲੀ ਦਾ ਮੁਕਾਬਲਾ CRPF ਦਿੱਲੀ ਨਾਲ ਅਤੇ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਦਾ ਮੁਕਾਬਲਾ ਪੰਜਾਬ ਪੁਲਿਸ ਨਾਲ ਹੋ ਰਿਹਾ ਏ। 12 ਟੀਮਾਂ ਨੂੰ 4 ਪੂਲਾਂ ਵਿੱਚ ਵੰਡਿਆ ਗਿਆ ਏ। ਟੂਰਨਾਮੈਂਟ ਦੇ ਸੈਮੀਫਾਈਨਲ ਮੈਚ 31 ਅਕਤੂਬਰ ਨੂੰ ਅਤੇ ਫਾਈਨਲ ਪਹਿਲੀ ਨਵੰਬਰ ਨੂੰ ਹੋਵੇਗਾ । ਆਕਾਸ਼ਵਾਣੀ ਜਲੰਧਰ ਤੋਂ ਫਾਈਨਲ ਮੈਚ ਦਾ ਅਖੀ ਢੀਠਾ ਹਾਲ ਪ੍ਰਸਾਰਿਤ ਹੋਵੇਗਾ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਦੇਸ਼ ਭਰ ਵਿੱਚ 40 ਥਾਵਾਂ 'ਤੇ 51 ਹਜ਼ਾਰ ਤੋਂ ਵੱਧ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡਣਗੇ - ਜਲੰਧਰ ਅਤੇ ਪਟਿਆਲਾ ਵਿਚ ਵੀ ਹੋਵੇਗਾ ਰੋਜ਼ਗਾਰ ਮੇਲੇ ਦਾ ਆਯੋਜਨ ।

- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਦੇਸ਼ ਵਿੱਚ ਸ਼ੀਤ ਲਹਿਰ ਨੂੰ ਧਿਆਨ ਵਿੱਚ ਰੱਖਦਿਆਂ,ਪੰਜਾਬ ਅਤੇ 4 ਕੇਂਦਰ ਸ਼ਾਸਿਤ

ਪ੍ਰਦੇਸ਼ਾਂ ਸਮੇਤ 19 ਸੂਬਾ ਸਰਕਾਰਾਂ ਨੂੰ ਅਗਾਊਂ ਕਦਮ ਚੁੱਕਣ ਅਤੇ ਰਾਹਤ ਉਪਾਅ ਲਾਗੂ ਕਰਨ ਦੀ ਕੀਤੀ ਅਪੀਲ ।

- ਲੁਧਿਆਣਾ ਦੇ ਇੱਕ ਘਰ ਵਿੱਚ ਧਮਾਕਾ ਹੋਣ ਕਾਰਨ ਬੱਚਿਆਂ ਸਮੇਤ 10 ਲੋਕ ਜ਼ਖਮੀ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਸ਼ਾ ਤਸਕਰ ਨੂੰ 5 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ।

- ਦੇਸ਼ ਦਾ ਵੱਕਾਰੀ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਅੱਜ ਤੋਂ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਹੋਇਆ ਸ਼ੁਰੂ ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**